# ਦਫਤਰ: ਡਾਇਰੈਕਟਰ ਸਿਖਿਆ ਵਿਭਾਗ(ਸੈ.ਸਿ.) ਪੰਜਾਬ, ਸ.ਅ.ਸ ਨਗਰ ।

## (ਸੈਕੰਡਰੀ ਸਿਖਿਆ ਸ਼ਾਖਾ)

ਸੇਵਾ ਵਿਖੇ

1. ਸਮੂਹ ਜਿਲ੍ਹਾ ਸਿਖਿਆ ਅਫਸਰ (ਸੈ.ਸਿ.) ਪੰਜਾਬ ।
2. ਸਮੂਹ ਜਿਲ੍ਹਾ ਸਿਖਿਆ ਅਫਸਰ (ਐ.ਸਿ.) ਪੰਜਾਬ ।
3. ਸਮੂਹ ਬਲਾਕ ਪ੍ਰਾਇਮਰੀ ਸਿਖਿਆ ਅਫਸਰ, ਪੰਜਾਬ ।

ਮੀਮੋ ਨੰਬਰ - DPISE-SEDU0GENL/17/2021-S.E/202230653-55

ਮਿਤੀ : ਸ.ਅ.ਸ.ਨਗਰ,04-02-2022

ਵਿਸ਼ਾ:- ਕੋਵਿਡ-19 ਦੇ ਵੱਧ ਰਹੇ ਫੈਲਾਅ ਦੇ ਮੱਦੇਨਜ਼ਰ ਪੰਜਾਬ ਰਾਜ ਵਿੱਚ ਸਮੂਹ ਵਿਦਿਅਕ ਸੰਸਥਾਵਾਂ ਨੂੰ ਮਿਤੀ 08-02-2022 ਤੱਕ ਬੰਦ ਰੱਖਣ ਸਬੰਧੀ।

ਹਵਾਲਾ:- ਪੰਜਾਬ ਸਰਕਾਰ, ਡਿਪਾਰਟਮੈਂਟ ਆਫ ਹੋਮ ਅਫੇਅਰਜ਼ ਅਤੇ ਜਸਟਿਸ (ਹੋਮ-4) ਸ਼ਾਖਾ ਦੇ ਪੱਤਰ ਨੰਬਰ 7/56/2020/2H4/547-548 ਮਿਤੀ 1 ਫਰਵਰੀ 2022 ਜੋ ਕਿ ਵੱਖਰੇ ਤੌਰ ਤੇ ਸਰਕੂਲੇਟ ਕੀਤਾ ਜਾ ਚੁੱਕਾ ਹੈ ਅਤੇ ਇਸ ਦਫਤਰ ਦੇ ਪੱਤਰ ਨੰਬਰ DPISE-SEDU0GENL/17/2021-SECONDARY EDUCATION-DPISE/202228483-92 ਮਿਤੀ 02-02-2022 ਦੀ ਲਗਾਤਾਰਤਾ ਵਿੱਚ।

2.0 ਰਾਜ ਵਿੱਚ ਕੋਵਿਡ-19 ਦੇ ਵੱਧ ਰਹੇ ਫੈਲਾਅ ਦੇ ਮੱਦੇਨਜ਼ਰ ਪੰਜਾਬ ਰਾਜ ਵਿੱਚ ਸਥਿਤ ਸਮੂਹ ਸਰਕਾਰੀ/ਸਰਕਾਰੀ ਸਹਾਇਤਾ ਪ੍ਰਾਪਤ, ਪ੍ਰਾਈਵੇਟ, ਅਨਏਡਿਡ ਅਤੇ ਮਾਨਤਾ ਪ੍ਰਾਪਤ ਸਕੂਲ ਮਿਤੀ 08-02--2022 ਤੱਕ ਬੰਦ ਰੱਖਣ ਸਬੰਧੀ ਹਦਾਇਤਾਂ ਜਾਰੀ ਕਰਦੇ ਹੋਏ ਲਿਖਿਆ ਗਿਆ ਸੀ ਕਿ ਸਮੂਹ ਟੀਚਿੰਗ ਅਤੇ ਨਾਨ-ਟੀਚਿੰਗ ਅਮਲਾ ਆਮ ਦਿਨਾਂ ਵਾਂਗ ਆਪਣੀਆਂ ਸੰਸਥਾਵਾਂ ਵਿੱਚ ਹਾਜ਼ਰ ਰਹੇਗਾ । ਸਲਾਨਾ ਪ੍ਰੀਖਿਆ ਦੇ ਮੱਦੇਨਜ਼ਰ ਵਿਦਿਆਰਥੀਆਂ ਦੀ ਪੜ੍ਹਾਈ ਜਾਰੀ ਰੱਖਣ ਲਈ ਟੀਚਿੰਗ ਸਟਾਫ ਸਕੂਲ ਵਿਖੇ ਉਪਲਬਧ ਟੀਚਿੰਗ ਲਰਨਿੰਗ ਏਡਜ਼ ਜਿਵੇਂ ਕਿ ਪ੍ਰੋਜੈਕਟਰ, ਕੰਪਿਊਟਰ ਆਦਿ ਦੀ ਸਹਾਇਤਾ ਨਾਲ ਆਨਲਾਈਨ ਕਲਾਸਾਂ ਲੈਣਗੇ। ਇਸ ਤੋਂ ਇਲਾਵਾ ਸਮੂਹ ਅਧਿਆਪਕ ਵਿਦਿਆਰਥੀਆਂ ਨੂੰ ਪੰਜਾਬ ਐਜੂਕੇਅਰ ਐਪ ਦੀ ਵਰਤੋਂ ਕਰਨ ਲਈ ਪ੍ਰੇਰਿਤ ਕਰਨਗੇ।

3.0 ਇਸ ਸਬੰਧੀ ਲਿਖਿਆ ਜਾਂਦਾ ਹੈ ਕਿ ਦਿਵਯਾਂਗ ਕਰਮਚਾਰੀਆਂ ਅਤੇ ਗਰਭਵਤੀ ਕਰਮਚਾਰਣ ਔਰਤਾਂ ਨੂੰ ਹਾਜ਼ਰ ਹੋਣ ਤੋਂ ਛੋਟ ਹੋਵੇਗੀ, ਪ੍ਰੰਤੂ ਉਹ ਆਪਣਾ ਸਾਰਾ ਕੰਮ ਘਰ ਤੋਂ ਨਿਪਟਾਉਣਗੇ।

4.0 ਕੋਵਿਡ-19 ਸਬੰਧੀ ਭਾਰਤ ਸਰਕਾਰ/ਪੰਜਾਬ ਸਰਕਾਰ/ਸਿਹਤ ਵਿਭਾਗ ਵੱਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ/ਗਾਈਡਲਾਈਨਜ਼ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

ਸਹਾਇਕ ਡਾਇਰੈਕਟਰ (ਸੈ.ਸਿ.)

ਪਿੱਠ ਅੰਕਣ ਨੰਬਰ ਉਕਤ /202230656-60 ਮਿਤੀ ਸ.ਅ.ਸ.ਨਗਰ, 04-02-2022

ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਨਿੱਜੀ ਸਕੱਤਰ, ਮਾਨਯੋਗ ਸਿੱਖਿਆ ਮੰਤਰੀ, ਪੰਜਾਬ ।
2. ਨਿੱਜੀ ਸਕੱਤਰ/ਸਕੱਤਰ ਸਕੂਲ ਸਿੱਖਿਆ, ਪੰਜਾਬ ।
3. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ।
4. ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿ.), ਪੰਜਾਬ ।
5. ਡਾਇਰੈਕਟਰ, ਐਸ.ਸੀ.ਈ.ਆਰ.ਟੀ. ਪੰਜਾਬ ।

ਸਹਾਇਕ ਡਾਇਰੈਕਟਰ (ਸੈ.ਸਿ.)